# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 06-04-2025**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਸਰਕਾਰ ਨੇ ਦੇਸ਼ ਦੇ ਬੁਨਿਆਦੀ ਢਾਂਚੇ ਨੂੰ ਮਜਬੂਤ ਕਰਨ ਲਈ ਸਮਰਪਿਤ ਯਤਨ ਕੀਤੇ ਨੇ। ਪ੍ਰਧਾਨ ਮੰਤਰੀ ਨੇ ਤਾਮਿਲਨਾਡੂ ਵਿੱਚ ਇਤਿਹਾਸਕ ਨਵੇਂ ਪੰਬਨ ਰੇਲ ਪੁਲ ਦਾ ਉਦਘਾਟਨ ਕੀਤਾ ਅਤੇ 8300 ਕਰੋੜ ਰੁਪਏ ਦੇ ਪ੍ਰੋਜੈਕਟਾਂ ਦਾ ਨੀਂਹ ਪੱਥਰ ਰੱਖਿਆ।
- ਪੰਜਾਬ ਸਮੇਤ ਦੇਸ਼ ਦੇ ਵੱਖ ਵੱਖ ਹਿਸਿਆਂ ਵਿਚ ਰਾਮ ਨੌਮੀ ਦਾ ਤਿਓਹਾਰ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ ਜਾ ਰਿਹਾ ਏ।
- ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਵਲੋਂ ਕਿਸਾਨੀ ਮੰਗਾਂ ਨੂੰ ਲੈ ਕੇ ਵਰਤ ਖਤਮ ਕਰਨ ਦਾ ਐਲਾਨ।
- ਪੰਜਾਬ ਸਰਕਾਰ ਨੇ ਪੇਂਡੂ ਸੜਕਾਂ ਨੂੰ ਬੇਹਤਰ ਬਣਾਉਣ ਦੀ ਯੋਜਨਾ ਤਹਿਤ ਟੈਂਡਰ ਕੀਤੇ ਜਾਰੀ।

- ਆਈਪੀਐਲ ਟੀ-20 ਕ੍ਰਿਕਟ ਵਿੱਚ, ਸਨਰਾਈਜ਼ਰਜ਼ ਹੈਦਰਾਬਾਦ ਅੱਜ ਸ਼ਾਮ ਹੈਦਰਾਬਾਦ ਵਿੱਚ ਗੁਜਰਾਤ ਟਾਈਟਨਜ਼ ਦਾ ਸਾਹਮਣਾ ਕਰੇਗਾ।

---------------------------------------------------

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਕਿਹਾ ਹੈ ਕਿ ਪਿਛਲੇ ਦਸ ਸਾਲਾਂ ਵਿੱਚ ਸਰਕਾਰ ਨੇ ਦੇਸ਼ ਵਿੱਚ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਸਮਰਪਿਤ ਯਤਨ ਕੀਤੇ ਹਨ। ਉਹ ਤਾਮਿਲਨਾਡੂ ਵਿਚ ਪੰਬਨ ਵਰਟੀਕਲ ਲਿਫਟ ਸੀ ਬ੍ਰਿਜ ਦਾ ਉਦਘਾਟਨ ਕਰਨ ਅਤੇ 8,300 ਕਰੋੜ ਰੁਪਏ ਦੇ ਪ੍ਰੋਜੈਕਟਾਂ ਦਾ ਨੀਂਹ ਪੱਥਰ ਰੱਖਣ ਤੋਂ ਬਾਅਦ ਸੰਬੋਧਨ ਕਰ ਰਹੇ ਸਨ ।

**BYTE**

ਉਨ੍ਹਾਂ ਕਿਹਾ ਕਿ ਸੂਬੇ  ਦਾ ਵਿਕਾਸ ਦੇਸ਼ ਦੇ ਵਿਕਾਸ ਵਿੱਚ ਯੋਗਦਾਨ ਪਾਉਂਦਾ ਏ। ਉਨ੍ਹਾਂ ਕਿਹਾ ਕਿ ਇਹ ਪ੍ਰੋਜੈਕਟ ਰਾਮ ਨੌਮੀ ਦੇ ਮੌਕੇ 'ਤੇ ਇੱਕ ਤੋਹਫ਼ਾ ਏ। ਸਾਬਕਾ ਰਾਸ਼ਟਰਪਤੀ ਡਾ. ਏਪੀਜੇ ਅਬਦੁਲ ਕਲਾਮ ਦਾ ਹਵਾਲਾ ਦਿੰਦੇ ਜਿਨ੍ਹਾਂ ਦਾ ਜਨਮ ਰਾਮਸਵਰਮ ਚ ਹੋਇਆ ਸੀ ਪ੍ਰਧਾਨ

ਮੰਤਰੀ ਨੇ ਕਿਹਾ ਕਿ ਉਨ੍ਹਾਂ ਦਾ ਜੀਵਨ ਅਧਿਆਤਮਿਕਤਾ ਅਤੇ ਵਿਗਿਆਨ ਦੇ ਏਕੀਕਰਨ ਦਾ ਪ੍ਰਤੀਕ ਏ। ਸ਼੍ਰੀ ਮੋਦੀ ਨੇ ਪ੍ਰਾਚੀਨ ਤਮਿਲ ਸੱਭਿਆਚਾਰ ਅਤੇ ਭਾਸ਼ਾ ਨੂੰ ਮਹੱਤਵਪੂਰਨ ਦਸਦਿਆਂ ਕਿਹਾ ਕਿ ਪੰਬਨ ਪੁਲ ਤਕਨਾਲੋਜੀ ਅਤੇ ਪਰੰਪਰਾ ਦੇ ਸੁਮੇਲ ਦੀ ਇੱਕ ਉਦਾਹਰਣ ਹੈ। ਉਨ੍ਹਾਂ ਕਿਹਾ, ਪ੍ਰਾਚੀਨ ਰਾਮੇਸ਼ਵਰਮ ਮੰਦਿਰ ਵਿੱਚ ਪੂਜਾ ਕਰਨਾ ਅਤੇ ਪ੍ਰੋਜੈਕਟ ਸ਼ੁਰੂ ਕਰਨਾ  ਇੱਕ ਮਹੱਤਵਪੂਰਨ ਪਲ ਏ । ਵਰਟੀਕਲ ਲਿਫਟ ਸੀ ਬ੍ਰਿਜ ਨੂੰ ਵੀਹਵੀਂ ਸਦੀ ਦਾ ਅਜੂਬਾ ਦੱਸਦੇ ਹੋਏ, ਉਨ੍ਹਾਂ ਇੰਜੀਨੀਅਰਾਂ ਨੂੰ ਵਧਾਈ ਦਿੱਤੀ।  ਇਸ ਨਾਲ ਵਪਾਰ, ਸੈਰ-ਸਪਾਟਾ ਅਤੇ ਕਾਰੋਬਾਰ ਸੁਖਾਲਾ ਹੋਵੇਗਾ ਅਤੇ ਲੋਕਾਂ ਨੂੰ ਰੁਜ਼ਗਾਰ ਮਿਲੇਗਾ। ਸ਼੍ਰੀ ਮੋਦੀ ਨੇ ਪਿਛਲੇ ਦਸ ਸਾਲਾਂ ਵਿੱਚ ਵੱਖ-ਵੱਖ ਪ੍ਰੋਜੈਕਟਾਂ ਦਾ ਜ਼ਿਕਰ ਕਰਦੇ ਹੋਏ ਕਿਹਾ ਕਿ ਦੇਸ਼ ਵਿੱਚ ਸੜਕਾਂ, ਹਵਾਈ ਅੱਡਿਆਂ ਅਤੇ ਬੰਦਰਗਾਹਾਂ ਅਤੇ ਬੁਨਿਆਦੀ ਢਾਂਚੇ ਦੇ ਖੇਤਰ ਲਈ ਛੇ ਗੁਣਾ ਜ਼ਿਆਦਾ ਅਲਾਟਮੈਂਟ ਕੀਤੀ ਗਈ ਏ।

BYTE

ਪ੍ਰਧਾਨ ਮੰਤਰੀ ਨੇ ਕਿਹਾ ਕਿ ਪੂਰਬੀ ਅਤੇ ਪੱਛਮੀ ਮਾਲ ਢੋਆ-ਢੁਆਈ ਗਲਿਆਰੇ, ਅਤੇ ਵੰਦੇ ਭਾਰਤ, ਅੰਮ੍ਰਿਤ ਭਾਰਤ ਅਤੇ ਨਮੋ ਭਾਰਤ ਰੇਲ ਸੇਵਾਵਾਂ ਮਾਲ ਢੋਆ-ਢੁਆਈ ਲਈ ਮਹੱਤਵਪੂਰਨ ਨੇ।

---------------------------------------------------------

ਅੱਜ ਦੇਸ਼ ਭਰ ਵਿੱਚ ਵੀ ਰਾਮ ਨੌਮੀ ਦਾ ਤਿਉਹਾਰ ਧਾਰਮਿਕ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ ਜਾ ਰਿਹਾ ਏ. ਇਹ ਤਿਉਹਾਰ ਭਗਵਾਨ ਵਿਸ਼ਨੂੰ ਦੇ ਸੱਤਵੇਂ ਅਵਤਾਰ ਭਗਵਾਨ ਰਾਮ ਦੇ ਅਵਤਾਰ ਲੈਣ ਦੇ ਦਿਨ ਦਾ ਪ੍ਰਤੀਕ ਏ। ਅਯੁੱਧਿਆ ਵਿੱਚ ਲੋਕ ਪੂਰੇ ਉਤਸ਼ਾਹ ਨਾਲ ਰਾਮ ਨੌਮੀ ਮਨਾ ਰਹੇ ਨੇ.. ਰਾਮ ਨੌਮੀ ਦੇ ਮੌਕੇ 'ਤੇ, ਸੂਰਜ ਦੀਆਂ ਕਿਰਨਾਂ ਨੇ ਸ੍ਰੀ ਰਾਮ ਜਨਮ ਭੂਮੀ ਮੰਦਰ ਵਿੱਚ ਦੁਪਹਿਰ 12:00 ਵਜੇ ਰਾਮਲਲਾ ਦੇ ਮੱਥੇ 'ਤੇ ਤਿਲਕ ਕੀਤਾ। ਇਹ ਦ੍ਰਿਸ਼ ਲਗਭਗ 4 ਮਿੰਟ ਤੱਕ ਚੱਲਿਆ। ਸ਼ਰਧਾਲੂਆਂ ਦੀ ਭਾਰੀ ਭੀੜ ਨੂੰ ਦੇਖਦੇ ਹੋਏ, ਪ੍ਰਸ਼ਾਸਨ ਨੇ ਪੂਰੇ ਜ਼ਿਲ੍ਹੇ ਵਿੱਚ ਸੁਰੱਖਿਆ ਦੇ ਸਖ਼ਤ ਪ੍ਰਬੰਧ ਕੀਤੇ ਨੇ। ਰਾਸ਼ਟਰਪਤੀ ਦ੍ਰੋਪਦੀ ਮੁਰਮੂ, ਉਪ ਰਾਸ਼ਟਰਪਤੀ ਜਗਦੀਪ ਧਨਖੜ ਅਤੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਸਾਰੇ ਦੇਸ਼ ਵਾਸੀਆਂ ਨੂੰ ਇਸ ਪਵਿੱਤਰ ਤਿਉਹਾਰ

ਦੀਆਂ ਸ਼ੁਭਕਾਮਨਾਵਾਂ ਦਿੱਤੀਆਂ ਨੇ। ਏਧਰ ਪੰਜਾਬ ਦੇ ਵੱਖ – ਵੱਖ ਹਿੱਸਿਆਂ ਵਿਚ ਵੀ ਰਾਮ ਨੌਮੀ ਮੌਕੇ ਮੰਦਿਰਾਂ ਨੂੰ ਸੋਹਣੀ ਤਰ੍ਹਾਂ ਨਾਲ ਸਜਾਇਆ ਗਿਆ ਏ. ਸ੍ਰੀ ਰਾਮ ਨੌਮੀ ਮੌਕੇ ਅੱਜ ਜਲੰਧਰ ਸਮੇਤ ਹੋਰਨਾਂ ਥਾਵਾਂ ਤੇ ਵੀ ਸ਼ੋਭਾ ਯਾਤਰਾ ਕੱਢੀ ਗਈ । ਜਲੰਧਰ ਵਿੱਚ ਪੰਜਾਬ ਦੇ ਕੈਬਨਿਟ ਮੰਤਰੀਆਂ ਕੁਲਦੀਪ ਸਿੰਘ ਧਾਲੀਵਾਲ, ਲਾਲ ਚੰਦ ਕਟਾਰੂਚੱਕ, ਗੁਰਮੀਤ ਸਿੰਘ ਖੁੱਡੀਆਂ, ਬਰਿੰਦਰ ਕੁਮਾਰ ਗੋਇਲ, ਹਰਦੀਪ ਸਿੰਘ ਮੁੰਡੀਆਂ, ਤਰੁਨਪ੍ਰੀਤ ਸਿੰਘ ਸੌਂਦ ਅਤੇ ਮਹਿੰਦਰ ਭਗਤ ਨੇ ਸ਼ਿਰਕਤ ਕਰਦਿਆਂ ਸੂਬਾ ਵਾਸੀਆਂ ਨੂੰ ਸ੍ਰੀ ਰਾਮ ਨੌਮੀ ਦੇ ਪਵਿੱਤਰ ਦਿਹਾੜੇ ਦੀਆਂ ਵਧਾਈਆਂ ਅਤੇ ਸ਼ੁਭਕਾਮਨਾਵਾਂ ਦਿੱਤੀਆਂ।

---------------------------------------------------------

ਪੰਜਾਬ ਦੇ ਸੀਨੀਅਰ ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਨੇ ਅੱਜ ਫਤਿਹਗੜ੍ਹ ਸਾਹਿਬ ਵਿਖੇ ਆਪਣਾ ਵਰਤ ਖਤਮ ਕਰ ਦਿੱਤਾ ਏ । ਉਨ੍ਹਾਂ ਐਲਾਨ ਕੀਤਾ ਏ ਕਿ ਉਹ ਆਪਣਾ ਵਰਤ ਖਤਮ ਕਰ ਦੇਣਗੇ ਪਰ ਕਿਸਾਨ ਅੰਦੋਲਨ ਦੀ ਅਗਵਾਈ ਨਵੀਂ ਤਾਕਤ ਨਾਲ ਕਰਦੇ ਰਹਿਣਗੇ। ਉਹ ਨਵੰਬਰ, 2024 ਤੋਂ ਕਿਸਾਨਾਂ ਦੀਆਂ ਮੰਗਾਂ ਨੂੰ ਪੂਰਾ ਕਰਵਾਉਣ

ਲਈ ਭੁੱਖ ਹੜਤਾਲ 'ਤੇ ਸਨ, ਜਿਸ ਵਿੱਚ ਐਮ.ਐਸ.ਪੀ. ਜਾਣੀ ਕਿ ਘਟੋ -ਘੱਟ ਸਮਰਥਨ ਮੁੱਲ 'ਤੇ ਕਾਨੂੰਨੀ ਗਰੰਟੀ ਵੀ ਸ਼ਾਮਲ ਏ। ਕੱਲ੍ਹ, ਕੇਂਦਰੀ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ, ਸ਼ਿਵਰਾਜ ਸਿੰਘ ਚੌਹਾਨ ਨੇ ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਡੱਲੇਵਾਲ ਨੂੰ ਆਪਣਾ ਵਰਤ ਖਤਮ ਕਰਨ ਦੀ ਅਪੀਲ ਕੀਤੀ ਸੀ। ਕੇਂਦਰੀ ਰੇਲਵੇ ਅਤੇ ਫੂਡ ਪ੍ਰੋਸੈਸਿੰਗ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਨੇ ਕਿਹਾ ਕਿ ਉਹ ਆਪਣੇ ਬਜ਼ੁਰਗ ਕਿਸਾਨ ਲੀਡਰ ਸਰਦਾਰ ਜਗਜੀਤ ਸਿੰਘ ਡੱਲੇਵਾਲ ਦਾ ਦਿਲ ਦੀਆਂ ਗਹਿਰਾਈਆਂ ਤੋਂ ਧੰਨਵਾਦ ਕਰਦੇ ਨੇ ਜਿਹਨਾਂ ਨੇ ਕੇਂਦਰ ਸਰਕਾਰ ਦੀ ਬੇਨਤੀ ਨੂੰ ਮਨਦਿਆਂ ਆਪਣਾ ਮਰਨ ਵਰਤ ਖਤਮ ਕਰ ਦਿੱਤਾ ਏ।

---------------------------------------------------------

ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਵੱਲੋਂ 3 ਅਪਰੈਲ ਨੂੰ ਗੁਰਦਾਸਪੁਰ ਦੇ ਡੇਰਾ ਬਾਬਾ ਨਾਨਕ ਤੋਂ ਸ਼ੁਰੂ ਕੀਤੀ ਗਈ ਨਸ਼ਿਆਂ ਵਿਰੁੱਧ ਪੈਦਲ ਯਾਤਰਾ ਅੱਜ ਅੰਮ੍ਰਿਤਸਰ ਪਹੁੰਚੀ, ਯਾਤਰਾ ਫਤਿਹਗੜ੍ਹ ਚੂੜੀਆਂ ਰੋਡ 'ਤੇ ਪਿੰਡ ਮਾਜੂ ਪੁਰਾ ਤੋਂ ਸ਼ੁਰੂ ਹੋਈ ਅਤੇ ਪਿੰਡ ਚੇਤਨਪੁਰਾ ਵਿਖੇ ਸਮਾਪਤ ਹੋਇਆ। ਇਸ ਸਮਾਗਮ ਵਿੱਚ ਵੱਡੀ ਗਿਣਤੀ ਵਿੱਚ

ਸਕੂਲ ਅਤੇ ਕਾਲਜ ਦੇ ਵਿਦਿਆਰਥੀਆਂ ਨੇ ਹਿੱਸਾ ਲਿਆ। ਇਸ ਮੌਕੇ ਮੀਡੀਆ ਨਾਲ ਗੱਲਬਾਤ ਕਰਦਿਆਂ ਰਾਜਪਾਲ ਨੇ ਕਿਹਾ ਕਿ ਇਹ ਮੁਹਿੰਮ ਲੋਕਾਂ ਦਾ ਅੰਦੋਲਨ ਬਣ ਗਈ ਹੈ ਕਿਉਂਕਿ ਆਮ ਲੋਕਾਂ ਨੇ ਵੀ ਨਸ਼ਿਆਂ ਵਰਗੀਆਂ ਬੁਰਾਈਆਂ ਨੂੰ ਜੜ੍ਹੋਂ ਪੁੱਟਣ ਦਾ ਫੈਸਲਾ ਕੀਤਾ ਹੈ। ਹੋਰ ਨਸ਼ਾ ਛੁਡਾਊ ਕੇਂਦਰ ਖੋਲ੍ਹਣ ਦੇ ਸਵਾਲ 'ਤੇ ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨਾਲ ਗੱਲਬਾਤ ਚੱਲ ਰਹੀ ਏ ।

-----------------------------------------------------------

ਪੰਜਾਬ ਸਰਕਾਰ ਨੇ ਪੇਂਡੂ ਵਿਕਾਸ ਲਈ ਮਹੱਤਵਪੂਰਨ ਕਦਮ ਚੁੱਕਦਿਆਂ 1000 ਕਿਲੋਮੀਟਰ ਲੰਬੀਆਂ ਸੜਕਾਂ ਨੂੰ ਮਜ਼ਬੂਤ ਕਰਨ ਲਈ ਟੈਂਡਰ ਜਾਰੀ ਕੀਤੇ ਨੇ । ਚੰਡੀਗੜ੍ਹ ਵਿਚ ਪੰਜਾਬ ਭਵਨ ਵਿਖੇ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ  ਸੂਬੇ ਦੇ ਵਿੱਤ ਮੰਤਰੀ  ਹਰਪਾਲ ਸਿੰਘ ਚੀਮਾ ਨੇ ਖੁਲਾਸਾ ਕੀਤਾ ਕਿ ਇਸ ਮਹੱਤਵਪੂਰਨ ਪ੍ਰੋਜੈਕਟ ਦੇ ਪਹਿਲੇ ਪੜਾਅ ਵਿੱਚ ਫਰੀਦਕੋਟ, ਸ਼ਹੀਦ ਭਗਤ ਸਿੰਘ ਨਗਰ, ਪਠਾਨਕੋਟ ਅਤੇ ਬਰਨਾਲਾ  ਜ਼ਿਲਿਆਂ ਦੀਆਂ ਪੇਂਡੂ ਸੜਕਾਂ ਨੂੰ ਚੁਣਿਆ ਗਿਆ ਏ ।

---

ਦੇਸ਼ ਵਿੱਚ ਭਾਜਪਾ ਅੱਜ ਆਪਣਾ 45ਵਾਂ ਸਥਾਪਨਾ ਦਿਵਸ ਮਨਾ ਰਹੀ ਏ। ਭਾਜਪਾ ਦੇ ਰਾਸ਼ਟਰੀ ਪ੍ਰਧਾਨ ਜਗਤ ਪ੍ਰਕਾਸ਼ ਨੱਡਾ ਨੇ ਕਿਹਾ ਏ ਕਿ ਭਾਜਪਾ ਇੱਕ ਵਿਚਾਰਧਾਰਾ ਅਧਾਰਿਤ ਪਾਰਟੀ ਏ ਜਿਸਨੇ ਸੱਤਾ ਅਤੇ ਅਹੁਦੇ ਲਈ ਕਦੇ ਵੀ ਆਪਣੀ ਵਿਚਾਰਧਾਰਾ ਨਾਲ ਸਮਝੌਤਾ ਨਹੀਂ ਕੀਤਾ। ਨਵੀਂ ਦਿੱਲੀ ਵਿੱਚ ਭਾਜਪਾ ਸਦਰਮੁਕਾਮ ਵਿਖੇ ਪਾਰਟੀ ਵਰਕਰਾਂ ਨੂੰ ਸੰਬੋਧਨ ਕਰਦਿਆਂ, ਸ਼੍ਰੀ ਨੱਡਾ ਨੇ ਕਿਹਾ ਕਿ ਪਾਰਟੀ ਦੀ ਵਿਚਾਰਧਾਰਾ ਭਾਰਤੀ ਰਵਾਇਤ ਅਤੇ ਸੱਭਿਆਚਾਰ ਨਾਲ ਜੁੜੀ ਹੋਈ ਏ । ਇਸੇ ਤਹਿਤ ਪੰਜਾਬ ਦੇ ਅੰਮ੍ਰਿਤਸਰ ਵਿਖੇ ਭਾਜਪਾ ਦੇ ਕੌਮੀ ਜਨਰਲ ਸਕੱਤਰ ਤਰੁਣ ਚੁੱਗ ਵੱਲੋਂ ਵੀ ਆਪਣੇ ਦਫਤਰ ਵਿਖੇ ਭਾਜਪਾ ਦਾ ਸਥਾਪਨਾ ਦਿਵਸ ਮਨਾਇਆ ਗਿਆ ਏ। ਭਾਜਪਾ ਮੈਂਬਰਾਂ ਨੂੰ ਵਧਾਈ ਦਿੰਦਿਆਂ ਤਰਨ ਚੁਗ ਨੇ ਕਿਹਾ ਕਿ ਦੇਸ਼ ਦੀ ਨੌਜਵਾਨ ਤਾਕਤ ਭਾਜਪਾ ਨੂੰ ਇਕ ਅਜਿਹੀ ਪਾਰਟੀ ਵਜੋਂ ਦੇਖਦੀ ਏ, ਜੋ ਉਨ੍ਹਾਂ ਦੇ ਸੁਫ਼ਨਿਆਂ ਨੂੰ ਪੂਰਾ ਕਰਨ ਦੇ ਸਮਰਥ ਹੋਣ ਦੇ ਨਾਲ ਨਾਲ 21ਵੀਂ ਸਦੀ ’ਚ ਭਾਰਤ ਨੂੰ ਮਜ਼ਬੂਤ ਅਗਵਾਈ ਦੇਣ ਦੇ ਕਾਬਿਲ ਏ ।

---

ਆਈ ਪੀ ਐਲ Twenty -20 ਕ੍ਰਿਕਟ ਵਿੱਚ, ਅੱਜ, ਸਨਰਾਈਜ਼ਰਜ਼ ਹੈਦਰਾਬਾਦ ਦਾ ਸਾਹਮਣਾ ਹੈਦਰਾਬਾਦ ਵਿੱਚ ਸ਼ਾਮ ਸਾਢੇ 7 ਵਜੇ ਗੁਜਰਾਤ ਟਾਈਟਨਜ਼ ਨਾਲ ਹੋਵੇਗਾ। ਰਾਜਸਥਾਨ ਰਾਇਲਜ਼ ਨੇ ਬੀਤੀ ਰਾਤ ਚੰਡੀਗੜ੍ਹ ਦੇ ਮਹਾਰਾਜਾ ਯਾਦਵਿੰਦਰ ਸਿੰਘ ਅੰਤਰ ਰਾਸ਼ਟਰੀ ਕ੍ਰਿਕੇਟ ਸਟੇਡੀਅਮ ਵਿੱਚ ਪੰਜਾਬ ਕਿੰਗਜ਼ ਨੂੰ 50 ਦੌੜਾਂ ਨਾਲ ਹਰਾ ਹਰਾ ਦਿੱਤਾ।

---

- ਪ੍ਰਧਾਨ ਮੰਤਰੀ ਨਰੇਂਦਰ  ਮੋਦੀ ਨੇ ਕਿਹਾ ਏ ਕਿ ਸਰਕਾਰ ਨੇ ਦੇਸ਼ ਦੇ ਬੁਨਿਆਦੀ ਢਾਂਚੇ ਨੂੰ ਮਜਬੂਤ ਕਰਨ ਲਈ ਸਮਰਪਿਤ ਯਤਨ ਕੀਤੇ ਨੇ। ਪ੍ਰਧਾਨ ਮੰਤਰੀ ਨੇ ਤਾਮਿਲਨਾਡੂ ਵਿੱਚ ਇਤਿਹਾਸਕ ਨਵੇਂ ਪੰਬਨ ਰੇਲ ਪੁਲ ਦਾ ਉਦਘਾਟਨ ਕੀਤਾ  ਅਤੇ  8300 ਕਰੋੜ ਰੁਪਏ ਦੇ ਪ੍ਰੋਜੈਕਟਾਂ ਦਾ ਨੀਂਹ ਪੱਥਰ ਰੱਖਿਆ।
- ਪੰਜਾਬ ਸਮੇਤ  ਦੇਸ਼ ਦੇ ਵੱਖ ਵੱਖ ਹਿਸਿਆਂ ਵਿਚ  ਰਾਮ ਨੌਮੀ ਦਾ ਤਿਓਹਾਰ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ ਜਾ ਰਿਹਾ  ਏ।

- ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਵਲੋਂ  ਕਿਸਾਨੀ ਮੰਗਾਂ ਨੂੰ ਲੈ ਕੇ ਵਰਤ ਖਤਮ ਕਰਨ ਦਾ ਐਲਾਨ ।
- ਪੰਜਾਬ ਸਰਕਾਰ ਨੇ ਪੇਂਡੂ ਸੜਕਾਂ ਨੂੰ ਬੇਹਤਰ ਬਣਾਉਣ ਦੀ ਯੋਜਨਾ ਤਹਿਤ ਟੈਂਡਰ ਕੀਤੇ ਜਾਰੀ ।
- ਆਈਪੀਐਲ ਟੀ-20 ਕ੍ਰਿਕਟ ਵਿੱਚ, ਸਨਰਾਈਜ਼ਰਜ਼ ਹੈਦਰਾਬਾਦ ਅੱਜ ਸ਼ਾਮ ਹੈਦਰਾਬਾਦ ਵਿੱਚ ਗੁਜਰਾਤ ਟਾਈਟਨਜ਼ ਦਾ ਸਾਹਮਣਾ ਕਰੇਗਾ।